**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ- ਸਟੇਟ ਪ੍ਰੋਜੈਕਟ ਡਾਇਰੈਕਟਰ**
**ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ)/(ਐ.ਸਿ) ਪੰਜਾਬ।
2. ਰਾਜ ਦੇ ਸਮੂਹ ਸਕੂਲ ਮੁਖੀ(ਵੈੱਬਸਾਈਟ ਰਾਹੀਂ)

ਮੀਮੋ ਨੰ: ਡਿ.ਐਸ.ਪੀ.ਡੀ/ਐਸ.ਐਸ.ਏ/2010/52920
ਮਿਤੀ, ਚੰਡੀਗੜ੍ਹ: 16-08-2010

ਵਿਸ਼ਾ:- **ਪੰਜਾਬ ਰਾਜ ਦੇ ਸਮੂਹ ਜਿਲ੍ਹਿਆਂ ਵਿੱਚ ਆਈ.ਸੀ.ਐਸ.ਈ ਅਧੀਨ ਪੈਂਦੇ ਮਾਨਤਾ ਪ੍ਰਾਪਤ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਲਾਗੂ ਕਰਨ ਸੰਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਪਰੋਕਤ ਵਿਸ਼ੇ ਅਧੀਨ ਕੌਂਸਲ ਫਾਰ ਦਾ ਇੰਡੀਅਨ ਸਕੂਲ ਸਰਟੀਫਿਕੇਟ ਐਕਜ਼ਾਮੀਨੇਸ਼ਨਜ਼ ਵੱਲੋਂ ਭੇਜੇ ਗਏ ਪੱਤਰ ਅਨੁਸਾਰ ਪੰਜਾਬ ਰਾਜ ਦੇ ਵੱਖ-ਵੱਖ ਜਿਲ੍ਹਿਆਂ ਵਿੱਚ ਆਈ.ਸੀ.ਐਸ.ਈ ਨਾਲ ਮਾਨਤਾ ਪ੍ਰਾਪਤ ਸਕੂਲ ਮੁਖੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਕਿ ਪੰਜਾਬੀ ਭਾਸ਼ਾ ਐਕਟ 2008 ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਪੰਜਾਬੀ ਭਾਸ਼ਾ ਨੂੰ ਸਕੂਲਾਂ ਵਿੱਚ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਇਆ ਜਾਵੇ।

3.0 ਉਪਰੋਕਤ ਪੱਤਰ ਦੀ ਕਾਪੀ ਨੱਥੀ ਕਰਦੇ ਹੋਏ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪ ਵੱਲੋਂ ਇਹ ਯਕੀਨੀ ਬਣਾਇਆ ਜਾਵੇ ਕਿ ਆਈ.ਸੀ.ਐਸ.ਈ ਨਾਲ ਐਫੀਲੀਏਟਿਡ ਸਾਰੇ ਸਕੂਲਾਂ ਵਿੱਚ ਪੰਜਾਬੀ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਈ ਜਾਂਦੀ ਹੈ।ਇਸ ਸੰਬੰਧੀ ਆਪ ਵੱਲੋਂ ਆਪਣੇ ਪੱਧਰ ਤੇ ਆਈ.ਸੀ.ਐਸ.ਈ ਨਾਲ ਸੰਬੰਧਤ ਸਕੂਲਾਂ ਦੀ ਮੋਨੀਟਰਿੰਗ ਕੀਤੀ ਜਾਵੇ ਅਤੇ ਇਸਦੀ ਰਿਪੋਰਟ ਦਫਤਰ ਨੂੰ ਪੁੱਜਦੀ ਕੀਤੀ ਜਾਵੇ।

4.0 ਉਪਰੋਕਤ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਨੱਥੀ: **ਪੱਤਰ ਦੀ ਕਾਪੀ**

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**

**ਪਿੱਠ ਅੰਕਣ ਨੰ:** ਡਿ.ਐਸ.ਪੀ.ਡੀ/ਐਸ.ਐਸ.ਏ/2010/ ਮਿਤੀ, ਚੰਡੀਗੜ੍ਹ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

1. ਨਿੱਜੀ ਸਕੱਤਰ, ਮਾਣਯੋਗ ਸਿੱਖਿਆ ਮੰਤਰੀ ਪੰਜਾਬ।
2. ਨਿੱਜੀ ਸਕੱਤਰ, ਮਾਣਯੋਗ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ), ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ(ਐ.ਸਿ), ਪੰਜਾਬ।
5. ਮੰਡਲ ਸਿੱਖਿਆ ਅਫਸਰ, ਨਾਭਾ, ਫਰੀਦਕੋਟ, ਜਲੰਧਰ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**